# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 14-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਮੋਗਾ ਜ਼ਿਲ੍ਹੇ ਤੋਂ ਅਗਲੇ ਸਾਲ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਦੀ ਚੋਣ ਮੁਹਿੰਮ ਦੀ ਕੀਤੀ ਸ਼ੁਰੂਆਤ- ਸੂਬੇ ਵਿੱਚ ਵਧ ਰਹੇ ਅਪਰਾਧ, ਨਸ਼ਿਆਂ ਅਤੇ ਭ੍ਰਿਸ਼ਟਾਚਾਰ ਲਈ ਮੌਜੂਦਾ ਸਰਕਾਰ ਨੂੰ ਠਹਿਰਾਇਆ ਜ਼ਿੰਮੇਵਾਰ।
- ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ -2026 ਦੇ ਦੂਜੇ ਦਿਨ, ਏਰੋਸਪੇਸ ਅਤੇ ਰੱਖਿਆ ਬਾਰੇ ਸੈਸ਼ਨ ਹੋਏ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਲੋਂ ਨਿੱਜੀ ਹਸਪਤਾਲਾਂ ਨੂੰ ਸਮਾਵੇਸ਼ੀ ਸਿਹਤ ਸੰਭਾਲ ਨੂੰ ਯਕੀਨੀ ਬਣਾਉਣ ਲਈ 20 ਫੀਸਦੀ ਬਿਸਤਰੇ ਰਾਖਵੇਂ ਰੱਖਣ ਦੀ ਅਪੀਲ ।

- ਅੰਮ੍ਰਿਤਸਰ ਦਿਹਾਤੀ ਪੁਲਿਸ ਵਲੋਂ ISI ਦੀ ਹਮਾਇਤ ਪ੍ਰਾਪਤ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫ਼ਾਸ਼ -2 ਨੌਜਵਾਨਾਂ ਨੂੰ ਇਕ AK-47 ਰਾਈਫਲ ਤੇ ਅਸਲੇ ਸਮੇਤ ਕੀਤਾ ਗ੍ਰਿਫ਼ਤਾਰ ।

**ਹੁਣ ਖਬਰਾਂ ਵਿਸਥਾਰ ਨਾਲ**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਮੋਗਾ ਜ਼ਿਲ੍ਹੇ ਤੋਂ ਅਗਲੇ ਸਾਲ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਦੀ ਚੋਣ ਮੁਹਿੰਮ ਦੀ ਸ਼ੁਰੂਆਤ ਕੀਤੀ। ਮੋਗਾ ਦੇ  ਪਿੰਡ ਕਿਲੀ ਚਹਿਲਾਂ ਵਿਖੇ ਇੱਕ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਪੰਜਾਬ ਨੂੰ ਭਰੋਸਾ ਦਿੱਤਾ ਕਿ ਜੇ ਭਾਰਤੀ ਜਨਤਾ ਪਾਰਟੀ ਸੱਤਾ ਵਿੱਚ ਆਉਂਦੀ ਏ ਤਾ 2 ਸਾਲਾਂ ਦੇ ਅੰਦਰ ਸੂਬੇ ਨੂੰ ਨਸ਼ਾ ਮੁਕਤ ਬਣਾ ਦੇਵੇਗੀ ਅਤੇ ਵਿਧਾਨ ਸਭਾ ਵਿੱਚ ਇੱਕ ਬਿੱਲ ਲਿਆ ਕੇ ਧਾਰਮਿਕ ਪਰਿਵਰਤਨ ਨੂੰ ਕਾਨੂੰਨੀ ਤੌਰ 'ਤੇ ਰੋਕ ਦੇਵੇਗੀ। ਉਨ੍ਹਾਂ ਨੇ ਕਸ਼ਮੀਰੀ ਪੰਡਤਾਂ ਨੂੰ ਬਚਾਉਣ ਅਤੇ ਧਰਮ ਪਰਿਵਰਤਨ ਨਾ

ਕਰਨ ਲਈ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਆਪਣੀ ਜਾਨ ਕੁਰਬਾਨ ਕਰਨ ਵਾਸਤੇ ਨਮਨ ਕੀਤਾ ।

BYTE

ਉਨ੍ਹਾਂ ਪੰਜਾਬ ਵਿੱਚ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਨੂੰ ਵਧ ਰਹੇ ਅਪਰਾਧ, ਨਸ਼ਿਆਂ, ਧਰਮ ਪਰਿਵਰਤਨ, ਭ੍ਰਿਸ਼ਟਾਚਾਰ ਅਤੇ ਕਿਸਾਨਾਂ ਦੀ ਮੌਜੂਦਾ ਸਥਿਤੀ ਲਈ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਨੇ ਸੂਬੇ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ BJP ਦੀ ਡਬਲ ਇੰਜਣ ਸਰਕਾਰ ਨੂੰ ਸੱਤਾ ਵਿੱਚ ਲਿਆਉਣ ਤਾਂ ਜੋ ਸੂਬੇ ਨੂੰ ਇਨ੍ਹਾਂ ਖ਼ਤਰਿਆਂ ਤੋਂ ਮੁਕਤ ਕੀਤਾ ਜਾ ਸਕੇ ਅਤੇ ਇਸਨੂੰ ਵਾਪਸ ਖੁਸ਼ਹਾਲੀ ਵੱਲ ਲਿਆਂਦਾ ਜਾ ਸਕੇ।

BYTE

ਅਮਿਤ ਸ਼ਾਹ ਨੇ ਕਿਹਾ ਕਿ ਕੇਂਦਰ ਦੀ BJP ਸਰਕਾਰ ਨੇ 1984 ਦੇ ਸਿੱਖ ਦੰਗਿਆਂ ਲਈ ਜ਼ਿੰਮੇਵਾਰ ਲੋਕਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਏ ।

BYTE

ਸੂਬੇ ਦੇ ਮਹਾਨ ਗੁਰੂਆਂ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਗ੍ਰਹਿ ਮੰਤਰੀ ਨੇ ਕਿਹਾ ਕਿ BJP ਪਹਿਲਾਂ ਵੀ ਹਮੇਸ਼ਾ

ਪੰਜਾਬ ਦੇ ਰਾਜਨੀਤਿਕ ਖੇਤਰ ਵਿੱਚ ਛੋਟੇ ਭਰਾ ਵਜੋਂ ਚੋਣ ਲੜਦੀ ਰਹੀ ਏ ਪਰ ਇਸ ਵਾਰ ਪਾਰਟੀ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਅਗਲੀ ਸਰਕਾਰ ਬਣਾਉਣ ਲਈ ਤਿਆਰ ਏ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਮੋਹਾਲੀ ਸਥਿਤ ਪਲਾਕਸ਼ਾ ਯੂਨੀਵਰਸਿਟੀ ਵਿਚ ਚਲ ਰਹੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਵਿਚ ਸ਼ਿਰਕ ਕੀਤੀ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਊਨਾ ਕਿਹਾ ।

BYTE

---------------------------------------------------------------

ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ - 2026 ਦੇ ਦੂਜੇ ਦਿਨ, ਏਰੋਸਪੇਸ ਅਤੇ ਰੱਖਿਆ ਬਾਰੇ ਸੈਸ਼ਨ ਦੌਰਾਨ ਦੇਸ਼ ਦੇ ਰੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਦੇ ਯੋਗਦਾਨ ਬਾਰੇ ਵਿਸਥਾਰ ਵਿਚ ਵਿਚਾਰ-ਵਟਾਂਦਰਾ ਕੀਤਾ ਗਿਆ। ਪੰਜਾਬ ਦੇ ਪੱਖ ਨੂੰ ਮਜ਼ਬੂਤੀ ਨਾਲ ਪੇਸ਼ ਕਰਦਿਆਂ ਸੰਸਦੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਸੈਸ਼ਨ ਦੀ ਪ੍ਰਧਾਨਗੀ ਕਰਦੇ ਹੋਏ

ਕਿਹਾ ਕਿ ਪੰਜਾਬ ਕੋਲ ਇੱਕ ਸ਼ਾਨਦਾਰ ਈਕੋ ਸਿਸਟਮ ਏ ਜੋ ਦੇਸ਼ ਦੇ ਰੱਖਿਆ ਖੇਤਰ ਨੂੰ ਉਤਸ਼ਾਹ ਦੇਣ ਅਤੇ ਵਡਮੁੱਲਾ ਯੋਗਦਾਨ ਪਾਉਣ ਲਈ ਢੁੱਕਵਾਂ ਏ । ਕੈਬਨਿਟ ਮੰਤਰੀ ਵੱਲੋਂ ਟਰਬਾਈਨ ਬੈਲਿਸਟਿਕ ਰਿਸਰਚ ਲੈਬਾਰਟਰੀ ਅਤੇ ਲੁਧਿਆਣਾ ਵਿੱਚ ਸੈਂਟਰਲ ਟੂਲ ਰੂਮ ਤੋਂ ਇਲਾਵਾ 6 ਹਵਾਈ ਅੱਡਿਆਂ ਦੀ ਮੌਜੂਦਗੀ ਨੂੰ ਸ਼ਾਨਦਾਰ ਤਕਨੀਕੀ ਅਤੇ ਸੰਪਰਕ ਪਹਿਲੂਆਂ ਵਜੋਂ ਹਵਾਲਾ ਦਿੱਤਾ ਗਿਆ। ਪੰਜਾਬ ਸਰਕਾਰ ਨੇ ਹਾਲ ਹੀ ਵਿੱਚ ਰੱਖਿਆ ਖੇਤਰ ਨਾਲ ਸਬੰਧਤ ਮੁੱਦਿਆਂ 'ਤੇ ਵਿਆਪਕ ਚਰਚਾ ਕਰਨ ਲਈ ਇੱਕ ਰੱਖਿਆ ਸੰਮੇਲਨ ਵੀ ਕਰਵਾਇਆ। ਭਾਰਤੀ ਹਵਾਈ ਸੈਨਾ ਦੇ ਸਾਬਕਾ ਮੁਖੀ, ਏਅਰ ਚੀਫ ਮਾਰਸ਼ਲ ਬੀ.ਐਸ. ਧਨੋਆ ਨੇ ਰੱਖਿਆ ਖੇਤਰ ਵਿੱਚ ਮੁੱਖ ਯੋਗਤਾ ਵਾਲੇ ਖੇਤਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਹੋਰ ਬਿਹਤਰ ਬਣਾਉਣ 'ਤੇ ਕੰਮ ਕਰਨ ਦੇ ਹੱਕ ਵਿੱਚ ਵਿਚੇ ਰੱਖੇ । ਇਨਵੈਸਟ ਪੰਜਾਬ ਦੇ ਮੁਖ ਕਾਰਜਕਾਰੀ ਅਧਿਕਾਰੀ ਅਮਿਤ ਢਾਕਾ ਨੇ ਪੰਜਾਬ ਦੇ ਮਜ਼ਬੂਤ ਨਿਰਮਾਣ ਅਧਾਰ ਨੂੰ ਸੂਚੀਬੱਧ ਕਰਨ ਦੇ ਨਾਲ-ਨਾਲ ਕਾਰੋਬਾਰ ਕਰਨ ਦੀ ਸੌਖ 'ਤੇ ਜ਼ੋਰ ਦਿੱਤਾ ਜਿਸਦੇ ਨਤੀਜੇ ਵਜੋਂ 45 ਦਿਨਾਂ ਦੇ

ਅੰਦਰ ਸਾਰੀਆਂ ਲੋੜੀਂਦੀਆਂ ਇਜਾਜ਼ਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ।

-----------------------------------------------------------------

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੀ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ ਕਿਸੇ ਵੀ ਪ੍ਰਚੂਨ ਦੁਕਾਨ ਜਾਂ ਐਲਪੀਜੀ ਸਪਲਾਇਰ ਕੋਲ 'ਤੇ ਐਲਪੀਜੀ ਦੀ ਕੋਈ ਕਮੀ ਨਹੀਂ ਏ ਅਤੇ ਡੀਜ਼ਲ ਅਤੇ ਪੈਟਰੋਲ ਕਾਫ਼ੀ ਮਾਤਰਾ ਵਿੱਚ ਉਪਲਬਧ ਨੇ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਕੱਚੇ ਤੇਲ ਦੇ ਕਾਫ਼ੀ ਭੰਡਾਰ ਹਨ। ਸੰਯੁਕਤ ਸਕੱਤਰ ਨੇ ਨਾਗਰਿਕਾਂ ਨੂੰ ਐਲਪੀਜੀ ਸਿਲੰਡਰ ਬੁੱਕ ਕਰਨ ਵਿੱਚ ਜਲਦਬਾਜ਼ੀ ਨਾ ਕਰਨ ਅਤੇ ਸਿਰਫ਼ ਲੋੜ ਪੈਣ 'ਤੇ ਹੀ ਬੁੱਕ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਵਪਾਰਕ ਸਿਲੰਡਰ ਰਾਜ ਸਰਕਾਰਾਂ ਨੂੰ ਉਪਲਬਧ ਕਰਵਾਏ ਗਏ ਹਨ। 29 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵਪਾਰਕ ਸਿਲੰਡਰਾਂ ਦੀ ਵੰਡ ਸ਼ੁਰੂ ਹੋ ਗਈ ਏ। ਐਲਪੀਜੀ ਸਿਲੰਡਰਾਂ ਦੀ ਕਾਲਾਬਾਜ਼ਾਰੀ ਅਤੇ ਜਮ੍ਹਾਂਖੋਰੀ ਨੂੰ ਰੋਕਣ ਲਈ ਵੱਖ-ਵੱਖ ਰਾਜ ਸਰਕਾਰਾਂ ਛਾਪੇਮਾਰੀ ਅਤੇ ਨਿਰੀਖਣ ਵੀ ਕਰ ਰਹੀਆਂ ਹਨ।

ਘਰੇਲੂ ਸਿਲੰਡਰਾਂ ਦੀ ਬੁਕਿੰਗ ਵਿੱਚ ਖਪਤਕਾਰਾਂ ਨੂੰ ਆ ਰਹੀ ਅਸੁਵਿਧਾ ਬਾਰੇ, ਸੰਯੁਕਤ ਸਕੱਤਰ ਨੇ ਕਿਹਾ ਕਿ ਸਿਲੰਡਰ ਸ਼ਹਿਰੀ ਖੇਤਰਾਂ ਵਿੱਚ ਪਿਛਲੀ ਡਿਲੀਵਰੀ ਤਰੀਕ ਤੋਂ ਸਿਰਫ 25 ਦਿਨ ਅਤੇ ਪੇਂਡੂ ਖੇਤਰਾਂ ਵਿੱਚ ਪਿਛਲੀ ਡਿਲੀਵਰੀ ਤਰੀਕ  ਤੋਂ 45 ਦਿਨ ਬਾਅਦ ਬੁੱਕ ਕੀਤੇ ਜਾ ਸਕਦੇ ਹਨ। ਉਨ੍ਹਾਂ ਨਾਗਰਿਕਾਂ ਨੂੰ ਡਿਜੀਟਲ ਤੌਰ 'ਤੇ ਸਿਲੰਡਰ ਬੁੱਕ ਕਰਨ ਅਤੇ ਵੰਡ ਕੇਂਦਰਾਂ ਦੇ ਬਾਹਰ ਕਤਾਰਾਂ ਵਿੱਚ ਲੱਗਣ ਤੋਂ ਬਚਣ ਦੀ ਅਪੀਲ ਵੀ ਕੀਤੀ।

---------------------------------------------------------------------

ਪੰਜਾਬ ਰਾਜ ਅਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਡਾ. ਜਤਿੰਦਰ ਸਿੰਘ ਸ਼ੰਟੀ ਨੇ ਅੱਜ ਫ਼ਿਰੋਜ਼ਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਵਲ ਅਤੇ ਪੁਲਿਸ ਅਧਿਕਾਰੀਆਂ ਸਮੇਤ ਵੱਖ-ਵੱਖ ਐਨਜੀਓਜ ਦੇ ਨੁਮਾਇੰਦਿਆਂ, ਸਰਪੰਚਾਂ ਅਤੇ ਹੋਰ ਸਮਾਜ ਸੇਵੀਆ ਨਾਲ ਮੀਟਿੰਗ ਕੀਤੀ । ਉਨ੍ਹਾਂ ਦੱਸਿਆ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮਨੁੱਖਾਂ ਦੇ ਅਧਿਕਾਰਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਯਤਨਸ਼ੀਲ ਏ । ਉਨ੍ਹਾਂ ਦੱਸਿਆ ਕਿ ਮਨੁੱਖੀ ਅਧਿਕਾਰਾਂ ਦੀ

ਰੱਖਿਆ ਨੂੰ ਮਜ਼ਬੂਤੀ ਦੇਣ ਲਈ ਨਵੀ ਸਲਾਹ ਜਾਰੀ ਕੀਤੀ ਗਈ ਏ । ਊਨਾ ਕਿਹਾ ਕਿ ਕੋਈ ਵੀ ਹਸਪਤਾਲ ਕਿਸੇ ਵੀ ਮਰੀਜ ਜਾਂ ਮ੍ਰਿਤਕ ਦੇਹ ਨੂੰ ਬੰਧਕ ਬਣਾ ਕੇ ਨਹੀਂ ਰੱਖ ਸਕਦਾ ਜੇਕਰ ਉਹ ਅਜਿਹਾ ਕਰਦਾ ਹੈ ਤਾਂ ਉਸ ਉੱਪਰ ਐਫ.ਆਈ.ਆਰ. ਅਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹਰ ਹਸਪਤਾਲ ਵਿੱਚ ਮੌਰਚਰੀ, ਐਂਬੂਲੈਂਸ ਵੀ ਹੋਣਾ ਬਹੁਤ ਜਰੂਰੀ ਹੈ। ਸਫਾਈ ਕਰਮਚਾਰੀਆਂ ਦੇ ਠੇਕੇਦਾਰਾਂ ਜਾਂ ਫਰਮਾਂ ਵੱਲੋਂ ਸਫਾਈ ਕਰਮਚਾਰੀਆਂ ਲਈ ਹਰੇਕ ਸੁਰੱਖਿਆ ਉਪਕਰਨ ਦੇਣੇ ਅਤੇ ਉਹਨਾਂ ਦਾ ਬੀਮਾ ਕਰਵਾਉਣਾ ਲਾਜਮੀ ਏ । ਅਸਹਾਇ ਵਿਅਕਤੀਆਂ ਦੀ ਮ੍ਰਿਤਕ ਦੇਹ ਦਾ ਮੁਫਤ ਸਸਕਾਰ ਕੀਤਾ ਜਾਵੇਗਾ।

---------------------------------------------------------------------

ਪੰਜਾਬ ਸਿਹਤ ਅਤੇ ਪਰਿਵਾਰ ਭਲਾਈ ਡਾ. ਬਲਬੀਰ ਸਿੰਘ ਨੇ ਨਿੱਜੀ ਹਸਪਤਾਲਾਂ ਨੂੰ ਮਰੀਜ਼ਾਂ ਦੀ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਸਰਕਾਰੀ ਯੋਜਨਾਵਾਂ ਅਧੀਨ ਘੱਟੋ-ਘੱਟ 20 ਫੀਸਦੀ ਬਿਸਤਰੇ ਰਾਖਵੇਂ ਰੱਖੇ ਜਾਣ ਦੀ ਅਪੀਲ ਕੀਤੀ ਏ ।

ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੇ ਦੂਜੇ ਦਿਨ "ਹਸਪਤਾਲ ਅਤੇ ਸਿਹਤ ਸੰਭਾਲ" ਸਿਰਲੇਖ ਵਾਲੇ ਸੈਸ਼ਨ ਨੂੰ ਸੰਬੋਧਨ ਕਰਦਿਆਂ, ਮੰਤਰੀ ਨੇ ਕਿਹਾ ਕਿ ਸਰਵ ਵਿਆਪਕ ਅਤੇ ਇਕੋ ਜਿਹੀ ਸਿਹਤ ਸੰਭਾਲ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਸਰਕਾਰ ਅਤੇ ਕਾਰਪੋਰੇਟ ਸਿਹਤ ਸੰਭਾਲ ਪ੍ਰਦਾਤਾਵਾਂ ਵਿਚਕਾਰ ਮਜ਼ਬੂਤ ਸਹਿਯੋਗ ਜ਼ਰੂਰੀ ਏ । ਮੰਤਰੀ ਨੇ ਕਿਹਾ ਕਿ ਨਿੱਜੀ ਹਸਪਤਾਲਾਂ ਵਿੱਚ ਘੱਟੋ-ਘੱਟ 20 ਫੀਸਦੀ ਬਿਸਤਰੇ ਉਨ੍ਹਾਂ ਮਰੀਜ਼ਾਂ ਲਈ ਰਾਖਵੇਂ ਰੱਖੇ ਜਾਣੇ ਚਾਹੀਦੇ ਹਨ ਜੋ ਇਲਾਜ ਦਾ ਖਰਚਾ ਨਹੀਂ ਚੁੱਕ ਸਕਦੇ। ਸਾਰਿਆਂ ਲਈ ਮਿਆਰੀ ਸਿਹਤ ਸੰਭਾਲ ਪਹੁੰਚਯੋਗ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ, ਡਾ. ਬਲਬੀਰ ਸਿੰਘ ਨੇ ਆਮ ਆਦਮੀ ਕਲੀਨਿਕਾਂ ਦੇ ਵਿਸਥਾਰ ਰਾਹੀਂ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਸੰਭਾਲ ਪਹੁੰਚ ਵਿੱਚ ਅਸਮਾਨਤਾਵਾਂ ਨੂੰ ਘਟਾਉਣ ਲਈ ਰਾਜ ਸਰਕਾਰ ਦੇ ਉਪਰਾਲਿਆਂ ਨੂੰ ਉਜਾਗਰ ਕੀਤਾ। ਪੰਜਾਬ ਨੇ ਪਿੰਡਾਂ ਖਾਸ ਕਰਕੇ ਪਛੜੇ ਇਲਾਕਿਆਂ ਵਿੱਚ 565 ਅਤੇ ਸ਼ਹਿਰੀ ਖੇਤਰਾਂ ਵਿੱਚ 318 ਕਲੀਨਿਕ ਸਥਾਪਤ ਕੀਤੇ ਨੇ ।

-------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਪਾਕਿਸਤਾਨ ਨਾਲ ਜੁੜੇ ਦਹਿਸ਼ਤਗਰਦੀ ਅਤੇ ਹਥਿਆਰ ਤਸਕਰੀ ਮੋਡੀਊਲ ਦਾ ਪਰਦਾਫਾਸ਼ ਕਰਦਿਆਂ 2 ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਏ। ਐਸ.ਐਸ.ਪੀ. ਸੋਹੇਲ ਮੀਰ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਇੱਕ ਸੂਹ ਮਿਲੀ ਸੀ ਕਿ ਵਿਦੇਸ਼ ਵਿੱਚ ਬੈਠੇ ਗੈਂਗਸਟਰ ਸਮੂਹ ਵੱਲੋਂ ਪੰਜਾਬ ਵਿੱਚ ਦਹਿਸ਼ਤਗਰਦੀ ਕਾਰਵਾਈਆਂ ਕਰਨ ਲਈ ਪਾਕਿਸਤਾਨ ਰਾਹੀਂ ਹਥਿਆਰਾਂ ਦੀ ਖੇਪ ਭੇਜੀ ਗਈ ਏ। ਇਸ ਸੂਚਨਾ ’ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਨੇ ਪਿੰਡ ਮਾਹਵਾ ਵਿੱਚ ਛਾਪੇਮਾਰੀ ਕਰਕੇ ਦੋ ਸ਼ੱਕੀ ਨੌਜਵਾਨਾਂ ਨੂੰ ਕਾਬੂ ਕਰ ਲਿਆ ਗਿਆ। ਤਲਾਸ਼ੀ ਦੌਰਾਨ ਮੁਲਜ਼ਮਾਂ ਕੋਲੋਂ ਇਕ AK-47 ਅਸਾਲਟ ਰਾਈਫਲ, 2 ਮੈਗਜ਼ੀਨ, 36 ਰੌਂਦ, 3 ਪਿਸਤੌਲ ਅਤੇ 4 ਮੈਗਜ਼ੀਨ ਸਮੇਤ ਗੋਲੀਆਂ ਬਰਾਮਦ ਕੀਤੀਆਂ ਗਈਆਂ ਨੇ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਟਾਰੀ ਦੇ ਗੁਰਸੇਵਕ ਸਿੰਘ ਉਰਫ਼ ਸੂਰਜ ਅਤੇ ਛੇਹਰਟਾ ਦੇ ਅਮਰਜੀਤ ਸਿੰਘ ਉਰਫ ਰੋਹਿਤ ਵਜੋਂ ਹੋਈ ਏ। ਮੁੱਢਲੀ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ

ਏ ਕਿ ਇਹ ਹਥਿਆਰ ਪਾਕਿਸਤਾਨ ਤੋਂ ਡਰੋਨ ਰਾਹੀਂ ਭੇਜੇ ਗਏ ਸਨ। ਐਸ.ਐਸ.ਪੀ. ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਏ।

BYTE

-----------------------------------------------------------------

ਸਰਕਾਰ ਨੇ ਭੋਆ ਵਿਧਾਨ ਸਭਾ ਹਲਕੇ ਵਿੱਚ ਤਿੰਨ ਮਹੱਤਵਪੂਰਨ ਉੱਚ-ਪੱਧਰੀ ਪੁਲਾਂ ਦੇ ਨਿਰਮਾਣ ਨੂੰ ਮਨਜ਼ੂਰੀ ਦੇ ਦਿੱਤੀ ਏ। ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਦੱਸਿਆ ਕਿ ਪਹਿਲਾ ਉੱਚ-ਪੱਧਰੀ ਪੁਲ ਜੱਲ੍ਹਾਂ ਨਦੀ 'ਤੇ ਕੋਹਲੀਆਂ-ਕਿਲਪੁਰ ਤੋਂ ਜੱਲ੍ਹਾਂ ਪੁਲ ਤੱਕ ਉੱਤੇ , ਦੂਜਾ ਉੱਚ-ਪੱਧਰੀ ਪੁਲ ਕੋਹਲੀਆਂ-ਕਿਲਪੁਰ ਤੋਂ ਸ਼ਿੰਗਾਰਵਾ ਡਰੇਨ ਉੱਤੇ ਤੇ ਤੀਜਾ ਉੱਚ-ਪੱਧਰੀ ਪੁਲ ਘਰੋਟਾ-ਧੀਰਾ ਸੜਕ 'ਤੇ ਗੁਲਪੁਰ ਰਿਵੁਲੇਟ 'ਤੇ ਬਣਾਇਆ ਜਾਵੇਗਾ। ਇਹ ਪੁਲ ਘਰੋਟਾ ਅਤੇ ਧੀਰਾ ਖੇਤਰਾਂ ਦੇ ਵਸਨੀਕਾਂ ਨੂੰ ਬਿਹਤਰ ਸੜਕ ਸੰਪਰਕ ਪ੍ਰਦਾਨ ਕਰਨਗੇ। ਇਨ੍ਹਾਂ ਤਿੰਨਾਂ ਪੁਲਾਂ ਦੀ ਉਸਾਰੀ ਦੀ ਕੁੱਲ ਲਾਗਤ 60 ਕਰੋੜ 52 ਲਖ ਤੋਂ ਵੱਧ ਹੋਵੇਗੀ। ਮੰਤਰੀ ਨੇ ਕਿਹਾ ਕਿ ਲੰਬੇ ਸਮੇਂ ਤੋਂ, ਇਸ ਖੇਤਰ ਦੇ ਲੋਕਾਂ ਨੂੰ ਬਰਸਾਤ ਦੇ ਮੌਸਮ ਦੌਰਾਨ

ਨਦੀਆਂ ਅਤੇ ਨਾਲਿਆਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਆਉਣ-ਜਾਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਰਿਹਾ ਏ। ਇਨ੍ਹਾਂ ਉੱਚ-ਪੱਧਰੀ ਪੁਲਾਂ ਦੇ ਨਿਰਮਾਣ ਨਾਲ ਨਾ ਸਿਰਫ਼ ਇਸ ਸਮੱਸਿਆ ਨੂੰ ਦੂਰ ਕੀਤਾ ਜਾਵੇਗਾ ਸਗੋਂ ਪਿੰਡਾਂ ਅਤੇ ਸ਼ਹਿਰਾਂ ਵਿਚਕਾਰ ਸੰਪਰਕ ਵਿੱਚ ਵੀ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਇਨ੍ਹਾਂ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ, ਅਤੇ ਇਨ੍ਹਾਂ ਤਿੰਨਾਂ ਪੁਲਾਂ ਲਈ ਟੈਂਡਰ ਪ੍ਰਕਿਰਿਆ ਪੂਰੀ ਕਰਨ ਤੋਂ ਤੁਰੰਤ ਬਾਅਦ ਅਪ੍ਰੈਲ ਜਾਂ ਮਈ ਵਿੱਚ ਉਸਾਰੀ ਸ਼ੁਰੂ ਹੋ ਜਾਵੇਗੀ।

---------------------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਮੋਗਾ ਜ਼ਿਲ੍ਹੇ ਤੋਂ ਅਗਲੇ ਸਾਲ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਦੀ ਚੋਣ ਮੁਹਿੰਮ ਦੀ ਕੀਤੀ ਸ਼ੁਰੂਆਤ- ਸੂਬੇ ਵਿੱਚ ਵਧ ਰਹੇ ਅਪਰਾਧ, ਨਸ਼ਿਆਂ ਅਤੇ ਭ੍ਰਿਸ਼ਟਾਚਾਰ ਲਈ ਮੌਜੂਦਾ ਸਰਕਾਰ ਨੂੰ ਠਹਿਰਾਇਆ ਜ਼ਿੰਮੇਵਾਰ।

- ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ -2026 ਦੇ ਦੂਜੇ ਦਿਨ, ਏਰੋਸਪੇਸ ਅਤੇ ਰੱਖਿਆ ਬਾਰੇ ਸੈਸ਼ਨ ਹੋਏ ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵਲੋਂ ਨਿੱਜੀ ਹਸਪਤਾਲਾਂ ਨੂੰ ਸਮਾਵੇਸ਼ੀ ਸਿਹਤ ਸੰਭਾਲ ਨੂੰ ਯਕੀਨੀ ਬਣਾਉਣ ਲਈ 20 ਫੀਸਦੀ ਬਿਸਤਰੇ ਰਾਖਵੇਂ ਰੱਖਣ ਦੀ ਅਪੀਲ ।

- ਅੰਮ੍ਰਿਤਸਰ ਦਿਹਾਤੀ ਪੁਲਿਸ ਵਲੋਂ ISI ਦੀ ਹਮਾਇਤ ਪ੍ਰਾਪਤ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫ਼ਾਸ਼ -2 ਨੌਜਵਾਨਾਂ ਨੂੰ ਇਕ AK-47 ਰਾਈਫਲ ਤੇ ਅਸਲੇ ਸਮੇਤ ਕੀਤਾ ਗ੍ਰਿਫ਼ਤਾਰ ।

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**